**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ। -------ਉੱਤਰਦਾਤਾ

**<u>ਅਪੀਲ ਕੇਸ ਨੰ:2529/2019</u>**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (95019-44223)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਦੇ ਪੱਤਰ ਨੰ:ਸਟਕ-ਅ(ਸ-1) 105654, ਮਿਤੀ 05-06-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ: 1/66/2013-ਅ6(ਅਸਚਬ)/1659, ਮਿਤੀ 17-09-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/66/2013-ਅ6(ਅਸਚਬ)/1614, ਮਿਤੀ 06-09-2019 ਅਤੇ ਪੱਤਰ ਨੰ:1/66/2013-ਅ6(ਅਸਚਬ)/1609, ਮਿਤੀ 06-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹਨ, ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮਾਮਲਾ ਮਾਣਯੋਗ ਅਦਾਲਤ ਵਿਖੇ ਵਿਚਾਰ-ਅਧੀਨ ਹੋਣ ਕਾਰਨ ਅਪੀਲਕਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜਰ ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ,

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2529/2019**

ਮਿਤੀ 16-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਫਿਰ ਵੀ ਕਮਿਸ਼ਨ ਉਸ ਨੂੰ ਬਿਨ੍ਹਾਂ ਸੂਚਨਾ ਦਵਾਏ ਉਸ ਦਾ ਕੇਸ ਬੰਦ ਕਰਕੇ ਲੋਕ ਸੂਚਨਾ ਅਫਸਰ ਦੀ ਮਦਦ ਕਰਨਾ ਚਾਹੇ ਤਾਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਕੇਸ ਬਿਨ੍ਹਾਂ ਸੂਚਨਾ ਦੁਵਾਏ ਬੰਦ ਕਰ ਸਕਦਾ ਹੈ।

4. ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਪ੍ਰਤੀ ਲਿਖੀ ਗਈ ਸ਼ਬਦਾਵਲੀ ਦੇ ਸਬੰਧ ਵਿੱਚ ਸਪੱਸ਼ਟ ਕੀਤਾ ਜਾਂਦਾ ਹੈ ਕਿ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ। ਅਪੀਲਕਰਤਾ ਵੱਲੋ ਬਿਨ੍ਹਾਂ ਕਿਸੇ ਠੋਸ ਅਧਾਰ/ਦਸਤਵਾਵੇਜ਼ ਦੇ ਕਮਿਸ਼ਨ ਵੱਲੋਂ ਲੋਕ ਸੂਚਨਾ ਅਫਸਰ ਦੀ ਮਦਦ ਕਰਨ ਬਾਰੇ ਲਿਖਣਾ ਅਤਿ ਨਿੰਦਣਯੋਗ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ ਕਿਉਂਕਿ ਅਪੀਲਕਰਤਾ ਨੇ ਅਜਿਹਾ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਹੈ। ਇਸ ਕਰਕੇ **ਅਪੀਲਕਰਤਾ ਨੂੰ ਭਵਿੱਖ ਵਿੱਚ ਕਮਿਸ਼ਨ ਪ੍ਰਤੀ ਅਜਿਹੀ ਮੰਦੀ ਸ਼ਬਦਾਵਲੀ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਲਈ ਸਖਤ ਤਾੜਨਾ ਕੀਤੀ ਜਾਂਦੀ ਹੈ।**

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ, ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਸਤੰਬਰ, 2019.**

**ਕਾਪੀ:-**

ਡਿਪਟੀ ਰਜਿਸਟਰਾਰ,
ਪੰਜਾਬ ਰਾਜ ਸੂਚਨਾ ਕਮਿਸ਼ਨ,

ਯੋਗ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:2533/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਨ ਭਾਟੀਆ, ਕਲਰਕ (73473-57007) ਦਫ਼ਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-04-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2019 ਤੋਂ ਲੈ ਕੇ ਮਿਤੀ-ਅੰਤ ਤੱਕ ਬਣਾਏ ਗਏ ਪੱਕੇ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਨ ਭਾਟੀਆ, ਕਲਰਕ ਨੇ ਪੱਤਰ ਨੰ: 285/ਐਮ.ਸੀ.1/2, ਮਿਤੀ 12-09-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਭੇਜਿਆ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:78/ਐਮ.ਸੀ.1/2, ਮਿਤੀ 10-05-2019, ਅਤੇ ਪੱਤਰ ਨੰ:204/ਐਮ.ਸੀ.1/2, ਮਿਤੀ 10-06-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹਨ, ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜਰ ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ, ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ।ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਦੀਪ ਕਮਾਰ, (94171-64466)
ਪੱਤਰ ਸ਼੍ਰੀ ਰਾਜ ਕੁਮਾਰ,
ਵਾਸੀ ਅੱਗਰਵਾਲ ਕਲੋਨੀ, ਵਾਰਡ ਨੰ: 4, ਭਿੱਖੀ,
ਤਹਿਸੀਲ ਤੇ ਜ਼ਿਲ੍ਹਾ, --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਬਠਿੰਡਾ ਰੇਂਜ, ਬਠਿੰਡਾ। --------ਉੱਤਰਦਾਤਾ

**ਅਪੀਲ ਕੇਸ ਨੰ: 2559 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. (94171-34212)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਜਿਸ ਦਾ ਮਾਨਸਾ ਦਾ ਡਾਇਰੀ ਨੰ:22817-ਡਬਲਿਯੂ, 30-08-2018 ਹੈ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. ਨੇ ਪੱਤਰ ਨੰ:30/ਆਰ.ਟੀ.ਆਈ., ਮਿਤੀ 16-09-2019, ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਪ੍ਰਾਰਥੀ ਵੱਲੋਂ ਮਿਤੀ 27-11-2018 ਨੂੰ ਆਪਣੀ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਦਾ ਪ੍ਰਾਪਰਟੀ ਦੇ ਵੰਡਵਾਰੇ ਨਾਲ ਸਬੰਧ ਹੋਣ ਕਰਕੇ ਇਹ ਮਾਮਲਾ ਕਾਫ਼ੀ ਹੀ ਗੁੰਝਲਦਾਰ ਅਤੇ ਕਾਫੀ ਪੁਰਾਣਾ ਹੋਣ ਕਰਰੇ ਪੜਤਾਲ ਅਧੀਨ ਹੋਣ ਸਬੰਧੀ ਮਿਤੀ 18-02-2019 ਨੂੰ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਕਿ ਇਸ ਦੀ ਪੜਤਾਲ ਜਾਰੀ ਹੈ। ਫਿਰ ਅਪੀਲਕਰਤਾ ਵੱਲੋਂ ਇੰਸਪੈਕਟਰ ਜਨਰਲ, ਪੁਲਿਸ, ਬਠਿੰਡਾ ਰੇਂਜ ਬਠਿੰਡਾ ਦੇ ਦਫ਼ਤਰ ਅਪੀਲ ਕੀਤੀ ਗਈ ਸੀ ਜੋ ਪੱਤਰ ਉਨ੍ਹਾਂ ਦੇ ਦਫ਼ਤਰ ਨੂੰ ਮੋਸੂਲ ਹੋਣ ਤੇ ਦੁਬਾਰਾ ਫਿਰ ਇਹ ਤੀਜੀ ਵਾਰ ਫਿਰ ਮਿਤੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2559/2019**

11-06-2019 ਨੂੰ ਮਾਮਲਾ ਪੜਤਾਲ ਅਧੀਨ ਹੋਣ ਸਬੰਧੀ ਮਿਤੀ 22-04-2019 ਨੂੰ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਤੀਜੀ ਵਾਰ ਫਿਰ ਮਿਤੀ 11-06-2019 ਨੂੰ ਇਹ ਮਾਮਲਾ ਪੜਤਾਲ ਅਧੀਨ ਹੋਣ ਸਬੰਧੀ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਉਸ ਤੋਂ ਬਾਅਦ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਅਪੀਲ ਦਾਇਰ ਕਰਨ ਉਪਰੰਤ ਥਾਣਾ ਭੀਖੀ ਪਾਸੋਂ ਤਾਜ਼ਾ ਰਿਪੋਰਟ ਹਾਸਲ ਕੀਤੀ ਗਈ ਹੈ ਜਿਸ ਤੋਂ ਵੀ ਇਹ ਮਾਮਲਾ ਪੜਤਾਲ ਅਧੀਨ ਪਾਇਆ ਗਿਆ ਹੈ। ਇਸ ਤਰ੍ਹਾਂ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਪੜਤਾਲ ਮੁਕੰਮਲ ਹੋਣ ਤੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਇਸ ਲਈ ਉਨ੍ਹਾਂ ਵੱਲੋਂ ਅਪੀਲ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਵਾਚਣ ਤੇ ਸਹੀ ਨਹੀਂ ਪਾਇਆ ਗਿਆ ਹੈ। ਇਹ ਉੱਤਰ ਅਧੂਰਾ ਹੈ ਅਤੇ ਇਸ ਵਿੱਚ ਪੜਤਾਲ ਕਰਨ ਵਾਲੇ ਅਧਿਕਾਰੀ ਦਾ ਨਾਮ ਨਹੀਂ ਦੱਸਿਆ ਗਿਆ ਅਤੇ ਨਾ ਹੀ ਕੀਤੀ ਗਈ ਕਾਰਵਾਈ ਬਾਰੇ ਮਿਤੀਵਾਰ ਵੇਰਵਾ ਦਿੱਤਾ ਗਿਆ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ ਅਰਜ਼ੀ ਪ੍ਰਾਪਤ ਹੋਣ ਉਪਰੰਤ ਕੀਤੀ ਗਈ ਕਾਰਵਾਈ ਬਾਰੇ ਮਿਤੀਵਾਰ ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ ਗਿੱਲ, (98884-90031)
ਮਕਾਨ ਨੰ: 60-35-ਪੀ-376-1,
ਗਲੀ ਨੰ:8, 8 ਮਹਾਂ ਸਿੰਘ ਨਗਰ,
ਡਾਕਖਾਨਾ ਢੰਡਾਰੀ ਕਲਾਂ, ਲੁਧਿਆਣਾ-141014. --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 2583 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਸ਼ੇਰ ਸਿੰਘ, ਏ.ਐਸ.ਆਈ. (98724-00335) ਅਤੇ ਪਹਿਲੀਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-14245)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਵਿਜੀਲੈਂਸ ਬਿਊਰੋ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੁਧਿਆਣਾ ਦੇ ਸੋਸ਼ਲ ਵਰਕਰਾਂ ਅਤੇ ਇੱਕ ਵਕੀਲ , ਮੈਡਮ ਸ਼ਰੂਤੀ ਵੱਲੋਂ ਐਮ.ਸੀ. ਲੁਧਿਆਣਾ ਦੇ ਕੁੱਝ ਅਫਸਰਾਂ ਵੱਲੋਂ ਆਪਣੇ ਰਿਸ਼ਤੇਦਾਰਾਂ ਨੂੰ ਗੈਰਕਾਨੂੰਨੀ ਢੰਗ ਨਾਲ ਕੁੱਝ ਕਰਮਚਾਰੀ ਅਤੇ ਖਾਸ ਕਰਕੇ ਜੂਨੀਅਰ ਡਰਾਫਟਸਮੈਨ ਨਿਯੁਕਤ ਕਰਨ ਸਬੰਧੀ ਉੱਚ ਅਧਿਕਾਰੀਆਂ ਨੂੰ ਪੇਸ਼ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਗੁਲਸ਼ੇਰ ਸਿੰਘ, ਏ.ਐਸ.ਆਈ. ਨੇ ਜਵਾਬ ਪੇਸ਼ ਕੀਤਾ ਜੋ ਕਿ ਵਾਚਣ ਤੇ ਸਹੀ ਨਹੀਂ ਪਾਇਆ ਗਿਆ ਅਤੇ ਉਸ ਨੂੰ ਵਾਪਸ ਕਰ ਦਿੱਤਾ ਗਿਆ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ ਅਰਜ਼ੀ ਅਨੁਸਾਰ ਨੁਕਤਾਵਾਰ, ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2640/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (95019-44223)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਦੇ ਪੱਤਰ ਨੰ:ਸਟਕ-ਅ(ਸ-3) 180748, ਮਿਤੀ 02-11-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ: 1/66/2013-ਅ6(ਅਸਚਬ)/1659, ਮਿਤੀ 17-09-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/66/2013-ਅ6(ਅਸਚਬ)/1614, ਮਿਤੀ 06-09-2019 ਅਤੇ ਪੱਤਰ ਨੰ:1/66/2013-ਅ6(ਅਸਚਬ)/1609, ਮਿਤੀ 06-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹਨ, ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮਾਮਲਾ ਮਾਣਯੋਗ ਅਦਾਲਤ ਵਿਖੇ ਵਿਚਾਰ-ਅਧੀਨ ਹੋਣ ਕਾਰਨ ਅਪੀਲਕਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜਰ ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ,

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2640 /2019

ਮਿਤੀ 16-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਫਿਰ ਵੀ ਕਮਿਸ਼ਨ ਉਸ ਨੂੰ ਬਿਨ੍ਹਾਂ ਸੂਚਨਾ ਦਵਾਏ ਉਸ ਦਾ ਕੇਸ ਬੰਦ ਕਰਕੇ ਲੋਕ ਸੂਚਨਾ ਅਫਸਰ ਦੀ ਮਦਦ ਕਰਨਾ ਚਾਹੇ ਤਾਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਕੇਸ ਬਿਨ੍ਹਾਂ ਸੂਚਨਾ ਦੁਵਾਏ ਬੰਦ ਕਰ ਸਕਦਾ ਹੈ।

4. ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਪ੍ਰਤੀ ਲਿਖੀ ਗਈ ਸ਼ਬਦਾਵਲੀ ਦੇ ਸਬੰਧ ਵਿੱਚ ਸਪੱਸ਼ਟ ਕੀਤਾ ਜਾਂਦਾ ਹੈ ਕਿ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ। ਅਪੀਲਕਰਤਾ ਵੱਲੋ ਬਿਨ੍ਹਾਂ ਕਿਸੇ ਠੋਸ ਅਧਾਰ/ਦਸਤਵਾਵੇਜ਼ ਦੇ ਕਮਿਸ਼ਨ ਵੱਲੋਂ ਲੋਕ ਸੂਚਨਾ ਅਫਸਰ ਦੀ ਮਦਦ ਕਰਨ ਬਾਰੇ ਲਿਖਣਾ ਅਤਿ ਨਿੰਦਣਯੋਗ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ ਕਿਉਂਕਿ ਅਪੀਲਕਰਤਾ ਨੇ ਅਜਿਹਾ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਹੈ। ਇਸ ਕਰਕੇ **ਅਪੀਲਕਰਤਾ ਨੂੰ ਭਵਿੱਖ ਵਿੱਚ ਕਮਿਸ਼ਨ ਪ੍ਰਤੀ ਅਜਿਹੀ ਮੰਦੀ ਸ਼ਬਦਾਵਲੀ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਲਈ ਸਖਤ ਤਾੜਨਾ ਕੀਤੀ ਜਾਂਦੀ ਹੈ।**

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ, ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 **ਸਤੰਬਰ,** 2019.

**ਕਾਪੀ:-**

ਡਿਪਟੀ ਰਜਿਸਟਰਾਰ,
ਪੰਜਾਬ ਰਾਜ ਸੂਚਨਾ ਕਮਿਸ਼ਨ,

ਯੋਗ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ ਚਾਵਲਾ, (95920-17000)
ਪੁੱਤਰ ਸ਼੍ਰੀ ਮਨਿੰਦਰ ਸਿੰਘ ਚਾਵਲਾ,
ਚੈਂਬਰ ਨੰ:98 ਜ਼ਿਲ੍ਹਾ ਅਦਾਲਤ,
ਤਰਨਤਾਰਨ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 617/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਅਮਰਦੀਪ ਸਿੰਘ, ਐਡਵੋਕੇਟ (98149-00134)
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੀ.ਐਸ.ਵਿਰਕ, ਐਡਵੋਕੇਟ (98889-64589)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 23-02-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸਾਲ 2012 ਵਿੱਚ ਸੋਬੀਆ ਅਨੰਦ ਪੁੱਤਰੀ ਅਸ਼ਵਨੀ ਕੁਮਾਰ ਅਨੰਦ ਵਾਸੀ ਅੰਮ੍ਰਿਤਸਰ ਵੱਲੋਂ ਬੀ.ਟੈਕ. (ਈ.ਸੀ.ਈ.) ਵਿੱਚ ਦਾਖਲਾ ਲੈਣ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 15-07-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 20-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੀ.ਐਸ.ਵਿਰਕ, ਐਡਵੋਕੇਟ ਨੇ ਕਿਹਾ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:6897/ਐਸ-।।/244-19/ਆਰ.ਟੀ.ਆਈ. ਸੈੱਲ, ਮਿਤੀ 12-09-2019 ਰਾਹੀਂ ਆਪਣਾ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ, ਮਿਤੀ 23-02-2019 (ਪ੍ਰਾਪਤੀ ਮਿਤੀ 28-02-2019) ਰਾਹੀਂ ਜੋ ਜਾਣਕਾਰੀ ਮੰਗੀ ਗਈ ਸੀ, ਉਹ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:6735/ਐਸ-2/244-19/ਆਰ.ਟੀ.ਆਈ. ਸੈੱਲ, ਮਿਤੀ 06-09-2019 ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਕੇਸ ਵਿੱਚ ਹੋਈ ਦੇਰੀ ਬਾਰੇ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਆਰ.ਟੀ.ਆਈ. ਸੈੱਲ ਵੱਲੋਂ ਸਬੰਧਤ ਬ੍ਰਾਂਚ ਨਾਲ ਕਾਫੀ ਵਾਰ ਪੱਤਰ ਵਿਹਾਰ ਕੀਤਾ ਗਿਆ, ਪਰੰਤੂ ਸਬੰਧਤ ਬ੍ਰਾਂਚ ਵੱਲੋਂ ਸਪੈਸਫਿਕ ਜਾਣਕਾਰੀ ਨਾ ਭੇਜਣ ਕਰਕੇ ਅਤੇ ਮੰਗੀ ਗਈ ਜਾਣਕਾਰੀ ਦੇ ਵੱਖ-ਵੱਖ ਬ੍ਰਾਂਚਾਂ/ਵਿਭਾਗਾਂ ਨਾਲ ਸਬੰਧਤ ਹੋਣ ਕਰਕੇ ਥੋੜ੍ਹੀ ਡਿਲੇਅ ਹੋਈ ਹੈ, ਜੋ ਕਿ Un-intentionally ਹੈ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਆਰ.ਟੀ.ਆਈ. ਐਕਟ, 2005 ਦੀ ਧਾਰਾ 19(1) ਤਹਿਤ (Ist Appeal) ਐਪੀਲੇਟ ਅਥਾਰਟੀ ਦਾ Channel cross ਕਰਕੇ ਸਿੱਧੇ ਹੀ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ ਚੰਡੀਗੜ੍ਹ ਵਿਖੇ ਅਪੀਲ ਦਾਇਰ ਕਰ ਦਿੱਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ ਵੱਲੋਂ ਇਹ ਕੇਸ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ ਚੰਡੀਗੜ੍ਹ ਦੇ ਫੁੱਲ ਬੈਂਚ ਦੇ ਫੈਸਲੇ ਨੰ:461 ਆਫ ਤਹਿਤ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਕਮਿਸ਼ਨ ਉੱਤਰਦਾਤਾ ਦੇ ਜਵਾਬ ਨਾਲ ਸਹਿਮਤ ਨਹੀਂ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਵਿੱਚ ਦੋ ਸਟੈਂਡ ਲਏ ਗਏ ਹਨ। ਇੱਕ ਪਾਸੇ ਤਾਂ ਉੱਤਰਦਾਤਾ ਨੇ ਸ਼ਿਕਾਇਤਕਰਤਾ ਨੂੰ ਲਗਭੱਗ 7 ਮਹੀਨੇ ਦੀ ਦੇਰੀ ਨਾਲ ਸੂਚਨਾ ਮੁਹੱਈਆ ਕਰਵਾਈ ਗਈ ਹੈ ਦੂਜੇ ਪਾਸ ਇਹ ਕਿਹਾ ਜਾ ਰਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਆਰ.ਟੀ.ਆਈ. ਐਕਟ, 2005 ਦੀ ਧਾਰਾ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:617/2019**

19(1) ਤਹਿਤ (Ist Appeal) ਐਪੀਲੇਟ ਅਥਾਰਟੀ ਦਾ Channel cross ਕਰਕੇ ਸਿੱਧੇ ਹੀ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ ਚੰਡੀਗੜ੍ਹ ਵਿਖੇ ਅਪੀਲ ਦਾਇਰ ਕਰ ਦਿੱਤੀ ਗਈ ਹੈ ਜ਼ੋ ਕਿ ਵਾਜਿਬ ਨਹੀਂ ਹੈ। ਹਾਜ਼ਰ ਉੱਤਰਦਾਤਾ ਇਸ ਸਬੰਧੀ ਸਥਿਤੀ ਸਪੱਸ਼ਟ ਨਹੀਂ ਕਰ ਸਕਿਆ ਅਤੇ ਉਸ ਵੱਲੋਂ ਸਮੇਂ ਦੀ ਮੰਗ ਕੀਤੀ ਗਈ ਹੈ।

4. ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਸ਼ਿਕਾਇਤਕਰਤਾ ਵੱਲੋਂ ਸ਼੍ਰੀ ਅਮਰਦੀਪ ਸਿੰਘ, ਐਡਵੋਕੇਟ ਨੇ ਹਾਜ਼ਰ ਹੋ ਕੇ ਦੱਸਿਆ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 15-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,
ਵਾਸੀ ਗਲੀ ਨੰ:1,
ਮਾਨ ਕਲੌਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਵੀ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਅਵਤਾਰ ਸਿੰਘ, ਹੈੱਡ ਕੰਸਟੇਬਲ (94179-58706) ਦਫ਼ਤਰ ਡਿਪਟੀ ਕਮਿਸ਼ਨਰ, ਪੁਲਿਸ, ਲੁਧਿਆਣਾ ਅਤੇ ਸ਼੍ਰੀ ਸੋਹਣ ਲਾਲ, ਹੈੱਡ ਕੰਸਟੇਬਲ (94177-42620) ਪੁਲਿਸ ਥਾਣਾ, ਡਾਬਾ, ਲੁਧਿਆਣਾ।

**ਹੁਕਮ:**

ਪਿਛਲੀ ਪੇਸ਼ੀ ਮਿਤੀ, 20-08-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਗਈ ਸੀ ਕਿ ਬਾਕੀ ਰਹਿੰਦੀ ਨੁਕਤਾ ਨੰ:1 ਤੋਂ 4 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜਰ੍ਹ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ,2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਵੱਲੋਂ ਹਾਜ਼ਰ ਸ਼੍ਰੀ ਅਵਤਾਰ ਸਿੰਘ, ਹੈੱਡ ਕੰਸਟੇਬਲ ਨੇ ਪੱਤਰ ਨੰ:339-ਡੀ/ਆਰ.ਟੀ.ਆਈ., ਮਿਤੀ 14-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਵਾਸਤੇ ਮੁੱਖ ਅਫਸਰ, ਥਾਣਾ ਡਾਬਾ, ਲੁਧਿਆਣਾ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੋਹਣ ਲਾਲ, ਹੈੱਡ ਕੰਸਟੇਬਲ, ਪੁਲਿਸ ਥਾਣਾ, ਡਾਬਾ, ਲੁਧਿਆਣਾ ਨੇ ਪੱਤਰ, ਮਿਤੀ 12-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮਿਤੀ 12-08-2019 ਨੂੰ ਸਪੀਡ ਪੋਸਟ ਨੰ:ਜ਼ੈਡ-21313167 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਸਪੀਡ ਪੋਸਟ ਦੀ ਰਸੀਦ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 460/2019**

ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 16-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਮਿਤੀ 12-08-2019 ਨੂੰ ਸਪੀਡ ਪੋਸਟ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਸਤੰਬਰ, 2019.**

ਕਾਪੀ:-

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਾਰਤ ਭੂਸ਼ਨ ਮੱਟੂ, (9779928472)
ਮਕਾਨ ਨੰ:153, ਅਕਾਸ਼ ਨਗਰ ਨੇੜੇ ਗਰੀਨ ਲੈਂਡ ਸਕੂਲ,
ਡਾਕਖਾਨਾ ਨੇਤਾਜੀ ਨਗਰ, ਸਲੇਮ ਟਾਬਰੀ,
ਲੁਧਿਆਣਾ-141008. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:2239/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 1999 ਤੋਂ 2019 ਤੱਕ ਜਾਂ ਇਸ ਤੋਂ ਪਹਿਲਾਂ ਅਨੁਸੂਚਿਤ ਜਾਤੀ/ਜਨਰਲ ਸ਼੍ਰੇਣੀ ਨੂੰ ਪਿੰਡ ਜਗਤਪੁਰ, ਤਹਿਸੀਲ ਬੰਗਾ ਵਿਖੇ ਰੂੜੀਆਂ/ਢੇਰਾਂ ਲਈ ਅਲਾਟ ਕੀਤੀ ਗਈ ਥਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 28-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 06-08-2019 ਰਾਹੀਂ ਆਪਣਾ ਕੇਸ ਕਿਸੇ ਹੋਰ ਬੈਂਚ ਕੋਲ ਤਬਦੀਲ ਕਰਾਉਣ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:01/ਆਰ.ਟੀ.ਆਈ., ਮਿਤੀ 04-04-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਗਈ ਸੀ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2239/2019**

ਜਾਵੇ। ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 03-09-2019 ਰਾਹੀਂ ਆਪਣਾ ਕੇਸ ਕਿਸੇ ਹੋਰ ਬੈਂਚ ਕੋਲ ਤਬਦੀਲ ਕਰਾਉਣ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ ਪਰੰਤੂ ਇਹ ਕੇਸ ਤਬਦੀਲ ਕਰਨ ਸਬੰਧੀ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ, ਪੰਜਾਬ, ਜੀ ਵੱਲੋਂ ਕੋਈ ਹੁਕਮ ਇਸ ਬੈਂਚ ਨੂੰ ਪ੍ਰਾਪਤ ਨਹੀਂ ਹੋਏ।

5. ਲੋਕ ਸੂਚਨਾ ਅਧਿਕਾਰੀ, ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2226-27, ਮਿਤੀ 09-09-2019 ਜੋ ਕਿ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਕਾਪੀ ਭੇਜ ਕੇ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਪਿੰਡ ਜਗਤਪੁਰ ਨਾਲ ਸਬੰਧਤ ਮੰਗੀ ਗਈ ਸੂਚਨਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ, ਵੱਲੋਂ ਦਿੱਤੀ ਜਾਣੀ ਹੈ ਪਰੰਤੂ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ, ਦੇ ਦਫ਼ਤਰ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ **ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।** ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਸਤੰਬਰ, 2019.**

**ਕਾਪੀ:-**

(1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

(2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਾਰਸ ਵਧਵਾ, (86995-00539)
ਪੁੱਤਰ ਸ਼੍ਰੀ ਰਾਜ ਕੁਮਾਰ,
ਮਕਾਨ ਨੰ: ਈ-1732,ਗਾਂਧੀ ਨਗਰ,
ਤਹਿਸੀਲ ਤੇ ਜ਼ਿਲ੍ਹਾ, ਫਾਜਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 1718/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੂਪ ਲਾਲ, ਸੀਨੀਅਰ ਸਹਾਇਕ (94633-31556)।

**ਹਕਮ:**

ਪਿਛਲੀ ਪੇਸ਼ੀ, ਮਿਤੀ 27-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਸ਼੍ਰੀ ਰੂਪ ਲਾਲ, ਸੀਨੀਅਰ ਸਹਾਇਕ ਨੇ ਰਜਿਸਟਰਡ ਪੱਤਰ ਨੰ:2/17/2019-ਸੀ.ਏ.1 ਤੇ 2/ਅਸਚਬ/1562-1563, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 29-11-2018 ਅਤੇ 29-08-2019 ਨੂੰ ਦੋ ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1718/2019

ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 10-10-2019 **ਨੂੰ ਸਵੇਰੇ** 11:30 **ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 **ਸਤੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮਜੀਤ ਸਿੰਘ ਛਾਛੀ, (94639-40586)
120 -ਬੀ /1 ਨਾਗਰਾ ਹਾਊਸ,
ਟੀ.ਬੀ. ਹਸਪਤਾਲ ਰੋਡ, ਪਟਿਆਲਾ-147001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ: 1879/2019**

**ਹਾਜ਼ਰ:-**

1) ਸ਼੍ਰੀ ਬਿਕਰਮਜੀਤ ਸਿੰਘ ਛਾਛੀ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-08-2019 ਤੇ ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਤਰੁਨ ਕੁਮਾਰ, ਐਡਵੋਕੇਟ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਆਪਣਾ ਲਿਖਤੀ ਜਵਾਬ, ਮਿਤੀ 26-07-2019 ਪਹਿਲਾਂ ਹੀ ਪੇਸ਼ ਕੀਤਾ ਹੋਇਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਉਨ੍ਹਾਂ ਦੇ ਦਫ਼ਤਰ ਆ ਕੇ ਆਪਣੀ ਆਰ.ਟੀ.ਆਈ. ਰਾਹੀਂ ਮੰਗੀ ਗਈ ਸੂਚਨਾ ਬਾਰੇ ਸਪੱਸ਼ਟ ਕਰਨ ਲਈ ਕਿਹਾ ਗਿਆ ਸੀ ਪਰੰਤੂ ਉਹ ਉਨ੍ਹਾਂ ਦੇ ਦਫ਼ਤਰ ਨਹੀਂ ਗਏ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 20-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ।ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਦਫ਼ਤਰ ਜਾ ਕੇ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਉਨਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਉਸ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਦਿੱਤੀ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (75897-57100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਟੀਚਰ ਕਲੋਨੀ ਨਵਾਂ ਸ਼ਹਿਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 579/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ (98148-00566) ਅਤੇ ਸ਼੍ਰੀ ਯਸ਼ਪਾਲ ਸਿੰਘ, ਐਸ.ਆਈ.ਐਮ.ਸੀ.,(98729-40333) ਬੰਗਾ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2010 ਤੋਂ ਅਪ੍ਰੈਲ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਸਾਰੀਆਂ ਨਗਰ ਕੌਂਸਿਲਾਂ ਦੇ ਸਫਾਈ ਕਰਮਚਾਰੀਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਪੱਤਰ ਨੰ:961-62/ਆਰ.ਟੀ.ਆਈ. ਸੈੱਲ, ਮਿਤੀ 08-04-2019 ਰਾਹੀਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਕਾਰਜ ਸਾਧਕ ਅਫਸਰ, ਨਗਰ ਕੌਂਸਿਲ , ਨਵਾਂ ਸ਼ਹਿਰ, ਬੰਗਾ, ਬਲਾਚੌਰ ਅਤੇ ਰਾਹੋਂ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 03-09-2019 ਤੇ ਉੱਤਰਦਾਤਾਵਾਂ ਨੇ ਪੱਤਰ ਨੰ:1778, ਮਿਤੀ 02-09-2019 ਅਤੇ ਪੱਤਰ ਨੰ:1863, ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਸਨ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਹਾਜ਼ਰ ਉੱਤਰਦਾਤਾ ਨੇ ਪੱਤਰ ਨੰ:1933, ਮਿਤੀ 16-09-2019 ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਪਰੰਤੂ ਸ਼ਿਕਾਇਤਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਜੇ ਤੱਕ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ।ਇਸ ਲਈ ਉਨ੍ਹਾਂ ਵੱਲੋਂ ਕੇਸ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:** 579/2019

ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 **ਸਤੰਬਰ,** 2019.

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ,
ਨਵਾਂ ਸ਼ਹਿਰ, ਬੰਗਾ, ਬਲਾਚੌਰ ਅਤੇ ਰਾਹੋਂ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (75897-57100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਟੀਚਰ ਕਲੋਨੀ ਨਵਾਂ ਸ਼ਹਿਰ। ------ਸ਼ਿਕਾਇਤਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:580/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਿੰਗਾਰਾ ਰਾਮ, ਜੂਨੀਅਰ ਸਹਾਇਕ (90419-44640) ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2003 ਤੋਂ ਅਪ੍ਰੈਲ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਾਲ ਸਬੰਧਤ ਜ਼ਮੀਨ, ਜਾਇਦਾਦ, ਵਪਾਰਕ ਜਾਂ ਗੈਰ-ਵਪਾਰਕ ਇਮਾਰਤਾਂ ਤਿਆਰ ਕਰਵਾਉਣ ਵਾਲੇ ਅਤੇ ਖਰੀਦਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 03-09-2019 ਤੇ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਿੰਗਾਰਾ ਰਾਮ, ਜੂਨੀਅਰ ਸਹਾਇਕ ਦਫ਼ਤਰ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਅਤੇ ਸ਼੍ਰੀ ਜਤਿੰਦਰ ਕਮਾਰ, ਜੂਨੀਅਰ ਸਹਾਇਕ ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ ਨੇ ਪੱਤਰ ਨੰ:71, ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:72, ਮਿਤੀ 02-09-2019 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਸਨ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਿੰਗਾਰਾ ਰਾਮ, ਜੂਨੀਅਰ ਸਹਾਇਕ ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ ਨੇ ਕਿਹਾ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਪਰੰਤੂ ਸ਼ਿਕਾਇਤਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਜੇ ਤੱਕ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ।ਇਸ ਲਈ ਉਨ੍ਹਾਂ ਵੱਲੋਂ ਕੇਸ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ (99881-32424)।
2) ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ ਸਮੇਤ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 04-09-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਨੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਅਨੁਸਾਰ, ਵਿਸਥਾਰ-ਪੂਰਵਕ, ਨੁਕਤਾ-ਵਾਰ ਜਵਾਬ ਅਪੀਲਕਰਤਾ ਨੂੰ ਭੇਜਿਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਨੇ ਇਸ ਕੇਸ ਵਿੱਚ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਲਏ ਗਏ ਪਹਿਲੇ ਸਟੈਂਡ ਦੇ ਅਧਾਰ ਤੇ ਕਮਿਸ਼ਨ ਨੂੰ ਪੇਸ਼ ਕੀਤੇ ਗਏ ਜਵਾਬ ਨੂੰ ਮੁੜ ਦੁਹਰਾਉਂਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਰੱਦ ਕੀਤੀਆਂ ਜਾਂਦੀਆਂ ਹਨ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਵਿੱਚ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ, ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਸਬੰਧੀ ਆਪਣਾ ਵਿਸਥਾਰ-ਪੂਰਵਕ, ਨੁਕਤਾਵਾਰ, ਤਾਜ਼ਾ (**Fresh**) ਜਵਾਬ ਅਪੀਲਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**